# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ, ਪੰਜਾਬ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)
ਐਸ.ਸੀ.ਓ. ਨੰ :104-106, ਦੂਜੀ ਅਤੇ ਤੀਜੀ ਮੰਜਿਲ ਸੈਕਟਰ 34-ਏ ਚੰਡੀਗੜ੍ਹ।

ਵੱਲ

1) ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ)।
2) ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ)।
3) ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)।

ਮੀਮੋ ਨੰ.: ਐਸ.ਐਸ.ਏ/ਐਮਸੀ/ 2013/ ੫੯੫੫-੫੬
ਮਿਤੀ, ਚੰਡੀਗੜ੍ਹ 11-03-2013

ਵਿਸ਼ਾ:- **RTE Act ਅਧੀਨ, ਐਲੀਮੈਂਟਰੀ ਸਿੱਖਿਆ ਮੁਕੰਮਲ ਕਰਨ ਸਬੰਧੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਨੂੰ ਪਤਾ ਹੀ ਹੈ ਕਿ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ 2009 ਦੀ ਧਾਰਾ 29 ਦੀ ਉਪ ਧਾਰਾ 2(h) ਅਨੁਸਾਰ ਪਹਿਲੀ ਤੋਂ ਅੱਠਵੀਂ ਜਮਾਤਾਂ ਦੇ ਵਿਦਿਆਰਥੀ ਦਾ ਉਹਨਾਂ ਵੱਲੋਂ ਕੀਤੀ ਜਾ ਰਹੀ ਪੜ੍ਹਾਈ, ਕ੍ਰਿਆਵਾਂ, ਸਿੱਖਣ-ਸਿਖਾਉਣ ਦੀ ਪ੍ਰਕ੍ਰਿਆ ਦਾ ਉਸ ਦੇ ਅਧਿਆਪਕਾਂ ਰਾਹੀਂ ਸਕੂਲ ਪੱਧਰ ਤੇ ਨਿਰੰਤਰ ਸਰਵ ਪੱਖੀ ਮੁਲਾਂਕਣ ਕਰਨਾ ਲਾਜ਼ਮੀ ਹੈ।

3.0 ਉਥੇ ਇਹ ਵੀ ਜਰੂਰੀ ਹੈ ਕਿ ਵਿਦਿਆਰਥੀ ਦਾ ਸਾਰੇ ਸਾਲ ਲਈ ਉਸ ਦੇ ਵਿਦਿੱਅਕ ਅਤੇ ਸਹਿ-ਵਿਦਿੱਅਕ ਕ੍ਰਿਆਵਾਂ ਦਾ ਬਕਾਇਦਾ ਰਿਕਾਰਡ ਰੱਖਿਆ ਜਾਵੇ।

- ਐਕਟ ਦੀ ਧਾਰਾ 16 ਤਹਿਤ ਪੰਜਾਬ ਰਾਜ ਦੇ ਸਿੱਖਿਆ ਵਿਭਾਗ ਵੱਲੋਂ ਜਾਰੀ ਕੀਤੀ ਗਈ ਨੋਟੀਫਿਕੇਸ਼ਨ ਨੰ. 10/26/11-2ਸਿ7/474, ਮਿਤੀ 08.03.11 ਅਨੁਸਾਰ ਪਹਿਲੀ ਤੋਂ ਅੱਠਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀ ਨੂੰ ਮੁੱਢਲੀ ਸਿੱਖਿਆ ਪ੍ਰਾਪਤ ਹੋਣ ਤੱਕ ਕਿਸੇ ਵੀ ਜਮਾਤ ਵਿੱਚ ਰੋਕਿਆ ਨਹੀਂ ਜਾਵੇਗਾ ਅਤੇ ਨਾ ਹੀ ਸਕੂਲ ਵਿੱਚੋਂ ਕੱਢਿਆ ਜਾਵੇਗਾ। ਮੁੱਢਲੀ ਸਿੱਖਿਆ ਲਈ ਜਾਰੀ ਨਿਰਧਾਰਿਤ ਪਾਠਕ੍ਰਮ ਮੁਕੰਮਲ ਕਰਨ ਤੇ ਵਿਭਾਗ ਵੱਲੋਂ ਵਿਦਿਆਰਥੀ ਨੂੰ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ ਕਿ ਉਸ ਨੇ ਮੁੱਢਲੀ ਸਿੱਖਿਆ (ਅੱਠਵੀਂ ਜਮਾਤ) ਮੁਕੰਮਲ ਕਰ ਲਈ ਹੈ।
- ਅਜਿਹਾ ਸਰਟੀਫਿਕੇਟ ਬੱਚਿਆਂ ਦਾ ਮੁਫ਼ਤ ਸਰਟੀਫਿਕੇਟ ਅਤੇ ਲਾਜ਼ਮੀ ਸਿੱਖਿਆ ਅਧਿਕਾਰ ਨਿਯਮ 2011 ਦੇ ਨਿਯਮ 21 ਅਧੀਨ ਇਹ ਸਰਟੀਫਿਕੇਟ ਵਿਦਿਆਰਥੀਆਂ ਵੱਲੋਂ ਮੁੱਢਲੀ ਸਿੱਖਿਆ ਮੁਕੰਮਲ ਕਰਨ ਦੀ ਮਿਤੀ ਤੋਂ ਇੱਕ ਮਹੀਨੇ ਦੇ ਵਿੱਚ-ਵਿੱਚ ਜਾਰੀ ਕਰਨਾ ਲਾਜ਼ਮੀ ਹੋਵੇਗਾ। ਇਸ ਸਬੰਧੀ ਇੱਕ ਨਮੂਨਾ ਸਰਟੀਫਿਕੇਟ ਤਿਆਰ ਕੀਤਾ ਹੈ ਜੋ ਕਿ ਸਕੂਲ ਮੁੱਖੀ ਦੀ ਸੂਚਨਾ ਲਈ ਸਰਵ ਸਿੱਖਿਆ ਅਭਿਆਨ, ਪੰਜਾਬ ਦੀ ਵੈੱਬ-ਸਾਈਟ ਤੇ ਲੋਡ ਕੀਤਾ ਜਾ ਰਿਹਾ ਹੈ।
- ਇਹ ਧਿਆਨ ਰੱਖਿਆ ਜਾਵੇ ਕਿ ਮੁੱਢਲੀ ਸਿੱਖਿਆ ਮੁਕੰਮਲ ਹੋਣ ਦਾ ਸਰਟੀਫਿਕੇਟ ਦੇ ਨਾਲ ਨਾਲ ਵਿਦਿਆਰਥੀ ਦਾ ਨਿਰੰਤਰ ਸਰਵ ਪੱਖੀ ਮੁਲਾਂਕਣ ਦੀ ਰਿਪੋਰਟ ਵੀ ਦਿੱਤੀ ਜਾਵੇ।

4.0 ਇਸ ਨੂੰ ਅਤਿ ਜਰੂਰੀ ਸਮਝਿਆ ਜਾਵੇ।

ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ